# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :21-01-2026**

ਦੇਸ਼ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਕਿਹਾ ਏ ਕਿ ਬੂਥ ਪੱਧਰ ਦੇ ਅਧਿਕਾਰੀ ਦੇਸ਼ ਦੀ ਚੋਣ-ਅਧਾਰਤ ਲੋਕਤੰਤਰੀ ਪ੍ਰਣਾਲੀ ਦੇ ਥੰਮ੍ਹ ਹਨ। ਲੋਕਤੰਤਰ ਅਤੇ ਚੋਣ ਪ੍ਰਬੰਧਨ 2026 'ਤੇ ਨਵੀਂ ਦਿੱਲੀ ਵਿਖੇ ਹੋ ਰਹੀ ਕੌਮਾਂਤਰੀ ਕਾਨਫਰੰਸ ਵਿੱਚ ਬੋਲਦਿਆਂ, ਸ਼੍ਰੀ ਕੁਮਾਰ ਨੇ ਕਿਹਾ ਕਿ ਭਾਰਤ ਲੋਕਤੰਤਰ ਦੀ ਮਾਂ ਏ ਅਤੇ ਇੱਕ ਨਿਰਪੱਖ ਵੋਟਰ ਸੂਚੀ ਬਣਾਈ ਰੱਖਣਾ, ਜਿਸ ਵਿੱਚ ਹਰ ਯੋਗ ਵੋਟਰ ਸ਼ਾਮਲ ਹੋਵੇ, ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਜ਼ਰੂਰੀ ਏ। ਇਸ ਤਿੰਨ ਦਿਨਾਂ ਕਾਨਫਰੰਸ ਵਿੱਚ ਲੋਕਤੰਤਰੀ ਪ੍ਰਣਾਲੀਆਂ ਅਤੇ ਚੋਣ ਪ੍ਰਬੰਧਨ ਰਣਨੀਤੀਆਂ 'ਤੇ ਵਿਆਪਕ ਚਰਚਾ ਹੋਵੇਗੀ। ਕਾਨਫਰੰਸ ਵਿੱਚ 70 ਤੋਂ ਵੱਧ ਦੇਸ਼ਾਂ ਦੇ ਲਗਭਗ 1,000

ਡੈਲੀਗੇਟ ਹਿੱਸਾ ਲੈ ਰਹੇ ਨੇ, ਜਿਨ੍ਹਾਂ ਵਿੱਚ ਕੌਮਾਂਤਰੀ ਸੰਗਠਨਾਂ ਦੇ ਪ੍ਰਤੀਨਿਧੀ, ਭਾਰਤ ਵਿੱਚ ਵਿਦੇਸ਼ੀ ਮਿਸ਼ਨਾਂ ਦੇ ਮੁਖੀ, ਕਈ ਅਕਾਦਮਿਕ ਵਿਦਵਾਨ ਅਤੇ ਚੋਣ ਪ੍ਰਬੰਧਨ ਪੇਸ਼ੇਵਰ ਸ਼ਾਮਲ ਨੇ। ਚੋਣ ਕਮਿਸ਼ਨ ਆਲਮੀ ਚੋਣ ਚੁਣੌਤੀਆਂ ਅਤੇ ਹੱਲ ਲੱਭਣ 'ਤੇ ਕੇਂਦ੍ਰਿਤ 40 ਤੋਂ ਵੱਧ ਦੁਵੱਲੇ ਸੈਸ਼ਨਾਂ ਵਿੱਚ ਹਿੱਸਾ ਲਵੇਗਾ।

---------------------------------------------------

ਪੰਜਾਬ ਮੰਤਰੀ ਮੰਡਲ ਨੇ ਨਿਰਧਾਰਤ ਸਟੇਟ ਐਗਰੀਡ ਪ੍ਰਾਈਸ ਵਿੱਚੋਂ 68 ਰੁਪਏ 50 ਪੈਸੇ ਪ੍ਰਤੀ ਕੁਇੰਟਲ ਸਿੱਧੀ ਸਬਸਿਡੀ ਦੀ ਮਨਜ਼ੂਰੀ ਦਿੱਤੀ ਏ , ਜਿਸ ਨਾਲ ਪੰਜਾਬ ਸੂਬਾ ਗੰਨਾ ਕਾਸ਼ਤਾਕਾਰਾਂ ਨੂੰ ਦੇਸ਼ ਵਿੱਚ ਗੰਨੇ ਦਾ ਸਭ ਤੋਂ ਵੱਧ ਭਾਅ ਦੇਣ ਵਿੱਚ ਲਗਾਤਾਰ ਮੋਹਰੀ ਚੱਲ ਰਿਹਾ ਏ। ਇਹ ਫੈਸਲਾ ਬੀਤੇ ਕੱਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ । ਮੰਤਰੀ ਮੰਡਲ ਵਲੋਂ ਲਏ ਗਏ ਫੈਸਲਿਆਂ

ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਨੇ ਬੁਲਾਰੇ ਨੇ ਕਿਹਾ ਕਿ ਨਿੱਜੀ ਖੰਡ ਮਿੱਲਾਂ ਦੀ ਤਰਫ਼ੋਂ ਗੰਨਾ ਕਿਸਾਨਾਂ ਨੂੰ 2025-26 ਪਿੜਾਈ ਸੀਜ਼ਨ ਲਈ ਨਿਰਧਾਰਤ ਸਟੇਟ ਐਗਰੀਡ ਪ੍ਰਾਈਜ਼ ਵਿੱਚੋਂ 68 ਰੁਪਏ 50 ਪੈਸੇ ਪ੍ਰਤੀ ਕੁਇੰਟਲ ਸਬਸਿਡੀ ਸਿੱਧੇ ਤੌਰ 'ਤੇ ਅਦਾ ਕੀਤੀ ਜਾਵੇਗੀ। ਲੋਕਾਂ ਦੀ ਸਿਹਤ ਅਤੇ ਤੰਦਰੁਸਤੀ 'ਤੇ ਧਿਆਨ ਕੇਂਦਰਿਤ ਕਰਦਿਆਂ ਮੰਤਰੀ ਮੰਡਲ ਨੇ 'ਸੀਐਮ ਦੀ ਯੋਗਸ਼ਾਲਾ' ਪ੍ਰਾਜੈਕਟ ਅਧੀਨ ਯੋਗਾ ਟ੍ਰੇਨਰਾਂ ਦੀਆਂ 1 ਹਜ਼ਾਰ ਵਾਧੂ ਅਸਾਮੀਆਂ ਦੀ ਸਿਰਜਣਾ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ। ਮੰਤਰੀ ਮੰਡਲ ਨੇ ਪੰਜਾਬ ਦੇ ਬਾਗਬਾਨੀ ਖੇਤਰ ਨੂੰ ਹੋਰ ਮਜ਼ਬੂਤ ਕਰਨ ਲਈ ਜਾਪਾਨੀ ਤਕਨਾਲੋਜੀ ਪੇਸ਼ ਕਰਨ ਲਈ ਜਾਪਾਨ ਇੰਟਰਨੈਸ਼ਨਲ ਕੋਪਰੇਸ਼ਨ ਏਜੰਸੀ ਨਾਲ ਭਾਈਵਾਲੀ ਨੂੰ ਵੀ ਪ੍ਰਵਾਨਗੀ ਦਿੱਤੀ ਏ।

---------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਗੈਂਗਸਟਰ ਮੁਕਤ ਸੂਬਾ

ਬਣਾਉਣ ਲਈ "ਗੈਂਗਸਟਰਾਂ ਤੇ ਵਾਰ" ਮੁਹਿੰਮ ਵਿੱਢਣ ਦੇ ਨਾਲ ਪੰਜਾਬ ਪੁਲਿਸ ਦੀਆਂ ਟੀਮਾਂ ਵੱਲੋਂ ਆਪ੍ਰੇਸ਼ਨ ਪ੍ਰਹਾਰ ਤਹਿਤ ਵਿਦੇਸ਼ੀ ਗੈਂਗਸਟਰਾਂ ਦੇ ਪਛਾਣੇ ਗਏ ਅਤੇ ਮੈਪਡ ਟਿਕਾਣਿਆਂ ’ਤੇ ਛਾਪੇਮਾਰੀ ਕੀਤੀ ਗਈ। ਗੈਂਗਸਟਰਾਂ ਵਿਰੁੱਧ ਜੰਗ ਦਾ ਐਲਾਨ ਕਰਦਿਆਂ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਕਿ ਸੂਬੇ ਭਰ ਵਿੱਚ "ਆਪ੍ਰੇਸ਼ਨ ਪ੍ਰਹਾਰ" ਅਧੀਨ 72 ਘੰਟਿਆਂ ਦੀ ਵਿਆਪਕ ਕਾਰਵਾਈ ਪਹਿਲਾਂ ਹੀ ਜਾਰੀ ਏ। ਆਪ੍ਰੇਸ਼ਨ ਪ੍ਰਹਾਰ ਦੇ ਪਹਿਲੇ ਦਿਨ ਦੇ ਨਤੀਜੇ ਸਾਂਝੇ ਕਰਦਿਆਂ ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਕਿਹਾ ਕਿ ਰਾਜ ਭਰ ਵਿੱਚ ਵਿਦੇਸ਼-ਅਧਾਰਤ ਗੈਂਗਸਟਰਾਂ ਦੇ 1314 ਸਹਿਯੋਗੀਆਂ ਤੇ ਸਾਥੀਆਂ ਨੂੰ ਹਿਰਾਸਤ ਵਿੱਚ ਲੈ ਕੇ ਪੂਰੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਏ।

-----------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਅੱਜ ਪਾਕਿਸਤਾਨ

ਆਧਾਰਤ ਤਸਕਰਾਂ ਨਾਲ ਜੁੜੇ ਇੱਕ ਸਰਹੱਦ ਪਾਰਲੇ ਗੈਰ-ਕਾਨੂੰਨੀ ਹਥਿਆਰਾਂ ਦੇ ਮਾਡਿਊਲ ਨੂੰ ਬੇਨਕਾਬ ਕਰਦਿਆਂ ਇਸ ਦੇ 2 ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਏ। ਦੋਵਾਂ ਤੋਂ ਛੇ ਆਧੁਨਿਕ ਪਿਸਤੌਲ ਅਤੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਨੇ। ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ ਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਅਤੇ ਗੈਂਗਸਟਰਾਂ ਨੂੰ ਹਥਿਆਰ ਸਪਲਾਈ ਕਰਨ ਵਿੱਚ ਸ਼ਾਮਲ ਸਨ। ਮਾਮਲੇ ਸਬੰਧੀ ਹੋਰ ਜਾਂਚ ਜਾਰੀ ਏ।

-------------------------------------------------------

ਕਪੂਰਥਲਾ ਜਿਲ੍ਹੇ ਦੇ ਹੜ੍ਹ ਪ੍ਰਭਾਵਿਤ ਮੰਡ ਇਲਾਕੇ ਦੇ ਪਿੰਡ ਰਾਮਪੁਰਾ ਗੋਹਰਾ ਵਿੱਚ ਬਿਆਸ ਦਰਿਆ ਦੀ ਮਾਰ ਅਜੇ ਤੱਕ ਜਾਰੀ ਏ। ਦਰਿਆ ਦੇ ਵਹਾਅ ਕਾਰਨ ਇੱਥੇ ਇੱਕ ਘਰ ਨੂੰ ਭਾਰੀ ਨੁਕਸਾਨ ਪਹੁੰਚ ਰਿਹਾ ਏ। ਇਸ ਸਥਿਤੀ ਨੂੰ ਧਿਆਨ ਵਿੱਚ ਰੱਖਦਿਆਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਆਪਣੇ ਅਖਤਿਆਰੀ ਫੰਡ ਵਿੱਚੋਂ ਦੋ

ਮੋਟਰ ਬੋਟਾਂ ਪਿੰਡ ਰਾਮਪੁਰਾ ਗੋਹਰਾ ਅਤੇ ਬਾਊਪੁਰ ਜਦੀਦ ਦੀਆਂ ਪੰਚਾਇਤਾਂ ਨੂੰ ਸੌਂਪੀਆਂ। ਮੋਟਰ ਬੋਟਾਂ ਸੌਂਪਦੇ ਹੋਏ ਸੰਤ ਸੀਚੇਵਾਲ ਨੇ ਦੱਸਿਆ ਕਿ ਬਿਆਸ ਦਰਿਆ ਦੇ ਵਹਾਅ ਵਿੱਚ ਆਏ ਬਦਲਾਅ ਕਾਰਨ ਪਿੰਡ ਰਾਮਪੁਰਾ ਗੋਹਰਾ ਦੇ ਕਰੀਬ 10 ਘਰਾਂ ਨੂੰ ਭਾਰੀ ਢਾਅ ਲੱਗੀ ਸੀ, ਜਦਕਿ ਇੱਕ ਘਰ ਅਜੇ ਵੀ ਦਰਿਆ ਦੀ ਮਾਰ ਹੇਠ ਏ। ਸੰਤ ਸੀਚੇਵਾਲ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਦੀ ਸਿੱਖਿਆ ਲਈ ਮਦਦ ਕੀਤੀ ਜਾਵੇ।

---------------------------------------------------------

ਪੰਜਾਬ ਇਮਾਰਤਾਂ ਅਤੇ ਹੋਰਨਾਂ ਉਸਾਰੀ ਕਾਮਿਆਂ ਦੀ ਭਲਾਈ ਬਾਰੇ ਬੋਰਡ ਵੱਲੋਂ ਕਿਰਤ ਵਿਭਾਗ ਦੇ ਭਾਈਵਾਲਾਂ ਲਈ ਇੱਕ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ । ਇਸ ਮੌਕੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਬੋਰਡ ਦੀਆਂ ਯੋਜਨਾਵਾਂ ਅਤੇ ਪ੍ਰਕਿਰਿਆਵਾਂ ਬਾਰੇ ਇੱਕ ਛੋਟੀ ਕਿਤਾਬ ਜਾਰੀ ਕੀਤੀ । ਇਸ ਪ੍ਰੋਗਰਾਮ ਦਾ ਉਦੇਸ਼ ਬੋਰਡ

ਦੀਆਂ ਯੋਜਨਾਵਾਂ, ਪ੍ਰਕਿਰਿਆਵਾਂ ਅਤੇ ਸਮਾਂ-ਹੱਦ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਉਸਾਰੀ ਕਾਮਿਆਂ ਲਈ ਸਮੇਂ ਸਿਰ ਸਹਾਇਤਾ ਯਕੀਨੀ ਬਣਾਉਣ ਲਈ ਕਿਰਤੀ ਪੱਖੀ ਪਹੁੰਚ ਨੂੰ ਉਤਸ਼ਾਹਿਤ ਕਰਨਾ ਸੀ। ਇਸ ਮੌਕੇ ਕਿਰਤ ਸੁਧਾਰਾਂ ਬਾਰੇ ਪੈਨਲ ਚਰਚਾ ਵੀ ਕੀਤੀ ਗਈ, ਜਿਸ ਵਿੱਚ ਲਾਗੂਕਰਨ ਸਬੰਧੀ ਚੁਣੌਤੀਆਂ ਅਤੇ ਖੇਤਰੀ ਤਜ਼ਰਬਿਆਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਸਮਾਗਮ ਦੌਰਾਨ ਬਿਹਤਰ ਕਾਰਗੁਜ਼ਾਰੀ ਵਾਲੇ ਜ਼ਿਲ੍ਹਿਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਸਬੰਧਤ ਡਿਪਟੀ ਕਮਿਸ਼ਨਰਾਂ ਨੂੰ ਪ੍ਰਸ਼ੰਸਾ ਪੱਤਰ ਭੇਟ ਕੀਤੇ ਗਏ। ਭਲਾਈ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂਕਰਨ ਦੇ ਸਬੰਧ ਵਿੱਚ ਬਿਹਤਰ ਕਾਰਗੁਜ਼ਾਰੀ ਵਾਲੇ ਸਹਾਇਕ ਕਿਰਤ ਕਮਿਸ਼ਨਰਾਂ ਅਤੇ ਕਿਰਤ ਇੰਸਪੈਕਟਰਾਂ ਨੂੰ ਵੀ ਪ੍ਰਸ਼ੰਸਾ ਪੱਤਰ ਸੌਂਪੇ ਗਏ। ਇਸ ਦੌਰਾਨ ਉਸਾਰੀ ਕਾਮਿਆਂ ਤੱਕ ਪਹੁੰਚ ਅਤੇ ਸੇਵਾਵਾਂ ਪ੍ਰਦਾਨ ਕਰਨ ਸਬੰਧੀ ਬੋਰਡ ਦੀਆਂ ਪ੍ਰਾਪਤੀਆਂ ਨੂੰ ਵੀ ਸਾਂਝਾ ਕੀਤਾ ਗਿਆ।

---------------------------------------------------------------

ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਜਿਲ੍ਹਾ ਜਲੰਧਰ ਪ੍ਰਸ਼ਾਸਨ ਦੀ ਅਗਵਾਈ ਵਿੱਚ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਸਹਿਯੋਗ ਨਾਲ ਮਹਿਲਾਵਾਂ ਲਈ ਸਿਹਤ, ਸਫ਼ਾਈ ਅਤੇ ਰੋਜ਼ਗਾਰ ਨਾਲ ਸਬੰਧਿਤ ਜ਼ਿਲ੍ਹਾ ਪੱਧਰੀ ਵਿਸ਼ੇਸ਼ ਸਮਾਗਮ ਐਚ.ਐਮ.ਵੀ. ਕਾਲਜ ਵਿਖੇ ਕਰਵਾਇਆ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨਵਦੀਪ ਕੌਰ ਨੇ ਕਿਹਾ ਕਿ ਇਸ ਕੈਂਪ ਦਾ ਉਦੇਸ਼ ਮਹਿਲਾਵਾਂ ਦੀ ਸਿਹਤ ਨਾਲ ਜੁੜੇ ਵੱਖ-ਵੱਖ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਤੋਂ ਇਲਾਵਾ ਉਨ੍ਹਾਂ ਨੂੰ ਸਸ਼ਕਤ ਬਣਾਉਣ ਲਈ ਰੋਜ਼ਗਾਰ ਤੇ ਸਵੈ ਰੋਜ਼ਗਾਰ ਦੇ ਮੌਕਿਆਂ ਬਾਰੇ ਜਾਣੂ ਕਰਵਾਉਣਾ । ਕੈਂਪ ਦੌਰਾਨ ਲਗਭਗ 200 ਵਿਦਿਆਰਥਣਾਂ ਨੇ ਰੋਜ਼ਗਾਰ ਦੇ ਮੌਕਿਆਂ ਲਈ ਰਜਿਸਟ੍ਰੇਸ਼ਨ ਵੀ ਕਰਵਾਈ।

-----------------------------------------------------------------

ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ ਪੰਜ t-twenty ਅੰਤਰਰਾਸ਼ਟਰੀ ਮੈਚਾਂ ਦੀ ਲੜੀ ਅੱਜ ਤੋਂ ਸ਼ੁਰੂ ਹੋ ਰਹੀ ਏ। ਲੜੀ ਦਾ ਪਹਿਲਾ ਮੈਚ, ਅੱਜ ਨਾਗਪੁਰ ਦੇ ਵਿਦਰਭ ਕ੍ਰਿਕਟ ਐਸੋਸੀਏਸ਼ਨ ਸਟੇਡੀਅਮ ਵਿੱਚ, ਸ਼ਾਮੀਂ 7 ਵਜੇ ਖੇਡਿਆ ਜਾਵੇਗਾ।

-----------------------------------------------------------------